# ਪੋਸਟ ਮੈਟ੍ਰਿਕ ਸਕਾਲਰਸ਼ਿਪ ਟੂ ਐਸ.ਸੀ. ਸਟੂਡੈਂਟਸ

## ਸਕੀਮ ਦੀ ਜਾਣ ਪਹਿਚਾਣ

ਇਹ ਸਕੀਮ ਭਾਰਤ ਸਰਕਾਰ ਦੀ ਸਹਾਇਤਾ ਨਾਲ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ ਹੈ। ਇਹ ਸਕੀਮ ਸਾਲ 1944-45 ਤੋਂ ਸ਼ੁਰੂ ਕੀਤੀ ਗਈ ਹੈ। ਪੋਸਟ ਮੈਟ੍ਰਿਕ ਕਲਾਸ, 10+2, ਡਿਗਰੀ ਕੋਰਸ, ਮਾਸਟਰ ਡਿਗਰੀ ਕੋਰਸ, ਪ੍ਰੋਫੈਸ਼ਨਲ ਕੋਰਸ ਆਦਿ ਵਿੱਚ ਪੜ੍ਹ ਰਹੇ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਨੂੰ ਇਸ ਸਕੀਮ ਤਹਿਤ ਵਜੀਫਾ ਅਤੇ ਨਾ ਮੋੜਣਯੋਗ ਜ਼ਰੂਰੀ ਫੀਸਾਂ ਦੇ ਕਲੇਮਾਂ ਦੀ ਅਦਾਇਗੀ ਕੀਤੀ ਜਾਂਦੀ ਹੈ। ਇਹ ਸਕੀਮ ਡਾਇਰੈਕਟਰ, ਸਿੱਖਿਆ ਵਿਭਾਗ (ਕਾਲਜਿਜ), ਡਾਇਰੈਕਟਰ, ਸਿੱਖਿਆ ਵਿਭਾਗ (ਸਕੂਲਜ਼), ਡਾਇਰੈਕਟਰ, ਖੋਜ ਅਤੇ ਮੈਡੀਕਲ ਸਿੱਖਿਆ ਵਿਭਾਗ, ਡਾਇਰੈਕਟਰ, ਤਕਨੀਕੀ ਸਿੱਖਿਆ ਅਤੇ ਉਦਯੋਗਿਕ ਸਿਖਲਾਈ ਵਿਭਾਗ, ਪੰਜਾਬ (ਪੋਲੀ: ਵਿੰਗ ਅਤੇ ਆਈ.ਟੀ.ਆਈ ਵਿੰਗ) ਅਤੇ ਡਾਇਰੈਕਟਰ, ਐਸ.ਸੀ.ਈ.ਆਰ.ਟੀ., ਪੰਜਾਬ ਰਾਹੀਂ ਲਾਗੂ ਕੀਤੀ ਜਾ ਰਹੀ ਹੈ।

## ਸਕੀਮ ਦਾ ਮੰਤਵ

ਇਸ ਸਕੀਮ ਦਾ ਮੁੱਖ ਮੰਤਵ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਨੂੰ ਉੱਚ ਸਿੱਖਿਆ ਪ੍ਰਾਪਤ ਕਰਵਾਉਣ ਲਈ, ਉਨ੍ਹਾਂ ਨੂੰ ਵਿੱਤੀ ਸਹਾਇਤਾ ਦੇਣਾ ਹੈ। ਵਜੀਫੇ ਦੇ ਨਾਲ ਨਾਲ ਯੋਗ ਵਿਦਿਆਰਥੀਆਂ ਨੂੰ ਨਾ-ਮੋੜਣਯੋਗ ਫੀਸਾਂ ਦੀ ਪ੍ਰਤੀ ਪੂਰਤੀ ਵੀ ਸਰਕਾਰ ਦੁਆਰਾ ਕੀਤੀ ਜਾਂਦੀ ਹੈ।

## ਸਕੀਮ ਦੇ ਨਾਰਮਜ਼

ਇਸ ਸਕੀਮ ਤਹਿਤ ਜਿਹੜੇ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੇ ਮਾਪਿਆਂ/ਸਰਪ੍ਰਸਤਾਂ ਦੀ ਸਾਲਾਨਾ ਆਮਦਨ 2.50 ਲੱਖ ਰੁਪਏ ਤੋਂ ਘੱਟ ਹੋਵੇ ਅਤੇ ਉਹ ਪੰਜਾਬ ਰਾਜ ਦਾ ਵਸਨੀਕ ਹੋਵੇ, ਨੂੰ ਇਹ ਲਾਭ ਇੱਕ ਪਰਿਵਾਰ ਵਿੱਚੋਂ ਦੋ ਬੱਚਿਆਂ ਲਈ ਦਿੱਤਾ ਜਾਂਦਾ ਹੈ।

## ਸਹੂਲਤਾਂ ਪ੍ਰਦਾਨ ਕਰਨ ਦੀ ਵਿਧੀ

ਵੱਖ ਵੱਖ ਕੋਰਸਾਂ ਅਤੇ ਵਿਦਿਅਕ ਸੰਸਥਾਵਾਂ ਵਿਚ ਦਾਖਲਾ ਪ੍ਰਾਪਤ ਕਰਨ ਤੋਂ ਬਾਅਦ , ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਵੱਲੋਂ ਇਸ ਸਕੀਮ ਦਾ ਲਾਭ ਲੈਣ ਲਈ ਅਸ਼ੀਰਵਾਦ ਪੋਰਟਲ ਸਾਲ 2013-14 ਤੋਂ ਵਿਦਿਆਰਥੀਆਂ ਦੀ ਆਨ ਲਾਈਨ ਰਜਿਸਟਰੇਸ਼ਨ ਲਈ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਹੈ, ਜਿਸ ਤੇ ਯੋਗ ਵਿਦਿਆਰਥੀਆਂ ਵੱਲੋਂ ਅਪਲਾਈ ਕੀਤਾ ਜਾਣਾ ਹੁੰਦਾ ਹੈ ਅਤੇ ਆਪਣੇ ਸਾਰੇ ਦਸਤਾਵੇਜ਼ਾਂ ਦੀਆਂ ਤਸਦੀਕ-ਸ਼ੁਦਾ ਕਾਪੀਆਂ ਨਿਸ਼ਚਿਤ ਸਮੇਂ ਦੇ ਅੰਦਰ-ਅੰਦਰ ਸਬੰਧਤ ਕਾਲਜਾਂ ਪਾਸ ਜਮ੍ਹਾਂ ਕਰਵਾਉਣੀਆਂ ਹੁੰਦੀਆਂ ਹਨ। ਇਸ ਤੋਂ ਬਾਅਦ ਸਬੰਧਤ ਕਾਲਜ ਆਪਣੀ ਅਲਾਟ ਹੋਈ ਸੈਂਕਸ਼ਨ ਅਥਾਰਟੀ ਰਾਹੀਂ ਆਨ ਲਾਈਨ ਪ੍ਰਾਪਤ ਹੋਏ ਕੇਸਾਂ ਨੂੰ ਨੋਡਲ ਅਫਸਰਾਂ/ ਲਾਗੂਕਰਤਾ ਵਿਭਾਗਾਂ ਰਾਹੀਂ ਭਲਾਈ ਵਿਭਾਗ ਨੂੰ ਭੇਜਦਾ ਹੈ। ਭਲਾਈ ਵਿਭਾਗ ਇਨ੍ਹਾਂ ਕੇਸਾਂ ਨੂੰ ਵਿਭਾਗ-ਵਾਈਜ਼ ਪੂਰੇ ਰਾਜ ਦੇ ਵਿਦਿਆਰਥੀਆਂ ਦੀ ਸੂਚਨਾ ਇੱਕਤਰ ਕਰਕੇ ਸਰਕਾਰ ਰਾਹੀਂ ਭਾਰਤ ਸਰਕਾਰ ਨੂੰ ਫੰਡਜ਼ ਪ੍ਰਾਪਤ ਕਰਨ ਹਿੱਤ ਭੇਜਦਾ ਹੈ। ਫੰਡਜ਼ ਪ੍ਰਾਪਤ ਹੋਣ ਉਪਰੰਤ ਸਰਕਾਰ ਦੇ ਵਿੱਤ ਵਿਭਾਗ ਪਾਸੋਂ ਲੋੜੀਂਦੀ ਪ੍ਰਵਾਨਗੀ ਪ੍ਰਾਪਤ ਹੋਣ ਉਪਰੰਤ ਖਜਾਨੇ ਤੋਂ ਬਿਲ ਡਰਾਅ ਕਰਵਾ ਕੇ , ਸਬੰਧਤਾਂ ਨੂੰ ਆਨ ਲਾਈਨ ਰਾਹੀਂ, ਉਨ੍ਹਾਂ ਦੇ ਬੈਂਕ ਖਾਤਿਆਂ ਵਿਚ ਅਦਾਇਗੀ ਕੀਤੀ ਜਾਂਦੀ ਹੈ।